# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 07-12-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 85 ਨਵੇਂ ਕੇਂਦਰੀ ਵਿਦਿਆਲਿਆ ਖੋਲ੍ਹਣ ਸਬੰਧੀ ਮੰਤਰੀ ਮੰਡਲ ਦੇ ਫੈਸਲੇ ਦੀ ਸ਼ਲਾਘਾ ਕੀਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਏ ਕਿ ਵੱਧ ਤੋਂ ਵੱਧ ਲੋਕਾਂ ਨੂੰ ਸਕੂਲੀ ਸਿੱਖਿਆ ਦੀਆਂ ਸਹੂਲਤਾਂ ਮੁਹਈਆ ਕਰਵਾਉਣ ਦੇ ਉਦੇਸ਼ ਨਾਲ ਇਹ ਸਰਕਾਰ ਦਾ ਇੱਕ ਵੱਡਾ ਫੈਸਲਾ ਏ। ਉਨ੍ਹਾਂ  ਕਿਹਾ ਕਿ ਇਸ ਨਾਲ ਨਾ-ਸਿਰਫ਼ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੂੰ ਲਾਭ ਹੋਵੇਗਾ ਸਗੋਂ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ।

---------------------------------------------------------------

ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਰਾਜ ਮੰਤਰੀ ਰਾਮ ਨਾਥ ਠਾਕੁਰਨੇ ਰਾਜ ਸਭਾ ਵਿਚ ਜਾਣਕਾਰੀ ਦੇਂਦਿਆਂ ਦੱਸਿਆ ਏਕਿ ਪ੍ਰਧਾਨ ਮੰਤਰੀ ਕਿਸਾਨ ਯੋਜਨਾ ਹੇਠ ਪੰਜਾਬ ਦੇ ਲਾਭਪਾਤਰੀਕਿਸਾਨਾਂ ਨੂੰ ਹੁਣ

ਤਕ 5 ਹਜ਼ਾਰ ਕਰੋੜ ਰੁਪਏ ਤੋਂ ਵਧ ਦੀ ਰਾਸ਼ੀ ਵੰਡੀ ਜਾ ਚੁਕੀ ਏ। ਉਨਾ ਕਿਹਾ ਕਿ ਇਹ ਕੇਂਦਰੀ ਯੋਜਨਾ ਏ ਜੋ ਕਿ ਫਰਵਰੀ 2019 ਵਿਚ ਪ੍ਰਧਾਨ ਮੰਤਰੀ ਨੇ ਕਿਸਾਨਾਂ ਦੀਆਂ ਵਿੱਤੀ ਜ਼ਰੂਰਤਾਂ ਦੀ ਪੂਰਤੀ ਲਈ ਸ਼ੁਰੂ ਕੀਤੀ ਸੀ। ਯੋਜਨਾ ਤਹਿਤ, 6,000/ ਰੁਪਏ ਪ੍ਰਤੀ ਸਾਲ ਦਾ ਵਿੱਤੀ ਲਾਭ ਕਿਸਾਨਾਂ ਦੇ ਆਧਾਰ ਕਾਰਡ ਨਾਲ ਲਿੰਕ ਬੈਂਕ ਖਾਤਿਆਂ ਵਿਚ ਤਿੰਨ ਬਰਾਬਰ ਕਿਸ਼ਤਾਂ ਵਿਚ ਸਿੱਧਾ ਟ੍ਰਾਂਸਫਰ ਕੀਤਾ ਜਾਂਦਾ ਏ। ਕੇਂਦਰ ਸਰਕਾਰ ਨੇ ਇਸ ਯੋਜਨਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ 18 ਕਿਸ਼ਤਾਂ ਵਿਚ 3.46 ਲੱਖ ਕਰੋੜ ਰੁਪਏ ਤੋਂ ਵੱਧ ਦੀ ਵੰਡ ਕੀਤੀ ਏ। ਇਸ ਯੋਜਨਾ ਹੇਠ ਪੰਜਾਬ ਦੇ ਲਾਭਪਾਤਰੀ ਕਿਸਾਨਾਂ ਨੂੰ ਹੁਣ ਤਕ 5 ਹਜ਼ਾਰ ਕਰੋੜ ਰੁਪਏ ਤੋਂ ਵਧ ਅਤੇ ਹਰਿਆਣਾ ਦੇ ਲਾਭਪਾਤਰੀ ਕਿਸਾਨਾਂ ਨੂੰ 6 ਹਜ਼ਾਰ ਕਰੋੜ ਰੁਪਏ ਤੋਂ ਵਧ ਦੀ ਰਾਸ਼ੀ ਦਿਤੀ ਜਾ ਚੁਕੀ ਏ।

---------------------------------------------------------

ਪੰਜਾਬ ਦੇ  ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨਸ਼ਾ ਮੁਕਤ-ਰੰਗਲਾ ਪੰਜਾਬ ਮੁਹਿੰਮ ਦੀ ਸ਼ੁਰੂਆਤ ਕੀਤੀ ਏ। ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਮਥਾ ਟੇਕਣ ਤੋਂ ਬਾਅਦ ਗ੍ਲਬਾਤ ਦੌਰਾਨ ਉਨਾਂ ਕਿਹਾ ਕਿ

ਨਸ਼ਾ ਮੁਕਤ ਭਾਰਤ ਅਭਿਆਨ ਨਾਲ ਮਿਲ ਕੇ, ਸੂਬਾ ਸਰਕਾਰਾਂ, ਇਸ ਮੁਹਿੰਮ ਵਿਚ ਵਿਦਿਅਕ ਸੰਸਥਾਵਾਂ ਤੇ ਸਥਾਨਕ ਭਾਈਚਾਰਿਆਂ ਨੂੰ ਸ਼ਾਮਲ ਕਰਨ ਦੀ ਜ਼ਰੂਰਤ ਏ। ਉਨਾਂ ਦਸਿਆ ਕਿ ਰੈੱਡ ਕਰਾਸ ਸੋਸਾਇਟੀ ਦੇ ਨਾਲ ਸਾਂਝੇਦਾਰੀ ਅਤੇ ਸਮਾਜ ਸੇਵਕ ਲੇਖਕ ਖੁਸ਼ਵੰਤ ਸਿੰਘ ਦੀ ਅਗਵਾਈ ਵਿਚ 'ਪੀਪਲਜ਼ ਵਾਕ ਅਗੇਂਸਟ ਡਰੱਗਜ਼' ਮੁਹਿੰਮ ਅਜ ਸ਼ੁਰੂਆਤੀ ਦਿਨ ਤੋਂ ਲੈ ਕੇ 11 ਦਸੰਬਰ ਤੱਕ ਚਲਾਈ ਜਾ ਰਹੀ ਏ ਜਿਸ ਦੇ ਤਹਿਤ 10 ਦਸੰਬਰ ਨੂੰ ਪ੍ਰਸਿੱਧ ਦੌੜਾਕ ਫੌਜਾ ਸਿੰਘ ਦੇ ਪਿੰਡ ਬਿਆਸ ਸਥਿਤ ਘਰ ਤੋਂ ਸ਼ੁਰੂ ਹੋ ਕੇ ਸ਼ਾਮ ਵੇਲੇ ਜਲੰਧਰ ਜ਼ਿਲ੍ਹੇ ਦੇ ਪਿੰਡ ਬਾਠ ਵਿਖੇ ਰੈਲੀ ਕੱਢੀ ਜਾ ਰਹੀ ਏ। 11 ਦਸੰਬਰ ਨੂੰ ਪਿੰਡ ਬਾਠ ਤੋਂ ਕਰਤਾਰਪੁਰ ਵਿਚ ਬਣੀ ਜੰਗ-ਏ-ਆਜ਼ਾਦੀ ਯਾਦਗਾਰ ਤੱਕ ਇਹ ਰੈਲੀ ਨਿਕਲੇਗੀ। ਇਸ ਮੌਕੇ ਰਾਜਪਾਲ ਨੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਔਰਤਾਂ ਦੀ ਅਹਿਮ ਭੂਮਿਕਾ ਬਾਰੇ ਬੋਲਦੇ ਕਿਹਾ ਕਿ "ਔਰਤਾਂ ਹਰ ਘਰ ਦੀ ਰੀੜ੍ਹ ਦੀ ਹੱਡੀ ਹੁੰਦੀਆਂ ਨੇ ਅਤੇ ਉਹਨਾਂ ਦੀ ਸਰਗਰਮ ਸ਼ਮੂਲੀਅਤ ਨਸ਼ਿਆਂ ਵਿਰੁੱਧ ਲੜਾਈ ਨੂੰ ਬਹੁਤ ਤਾਕਤ ਦੇ ਸਕਦੀ ਹੈ। ਉਹਨਾਂ ਕਿਹਾ ਕਿ ਮੈਨੂੰ ਇਸ ਗੱਲ ਦੀ ਤਸੱਲੀ ਏ ਕਿ ਪੰਜਾਬ ਵਿੱਚ

ਨਸ਼ਿਆਂ ਦੇ ਕੇਸਾਂ ਵਿੱਚ ਸਜ਼ਾ ਮਿਲਣ ਦੀ ਦਰ, ਹੋਰਨਾਂ ਸੂਬਿਆਂ ਨਾਲੋਂ ਬਹੁਤ ਵਧੀਆ ਏ ਜੋ ਕਿ ਕਈ ਥਾਵਾਂ ਤੇ 70 ਤੋਂ 80 ਫੀਸਦੀ ਵੀ ਏ।

------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵ੍ਲੋਂ ਗੈਰ-ਸਿਆਸੀ ਪਿਛੋਕੜ ਵਾਲੇ ਨੌਜਵਾਨਾਂ ਨੂੰ ਦਿਤੇ ਰਾਜਨੀਤੀ ਵਿਚ ਆਉਣ ਦੇ ਸਦੇ ਨੂੰ ਚੰਗਾ ਹੁਲਾਰਾ ਮਿਲ ਰਿਹਾ ਏ । ਭਾਜਪਾ ਦੇ ਸਾਬਕ ਸੂਬਾ ਪ੍ਰਧਾਨ ਅਤੇ ਰਾਸ਼ਟਰੀ ਵਰਕਿੰਗ ਕਮੇਟੀ ਮੈਂਬਰ ਵਿਧਾਇਕ ਅਸ਼ਵਨੀ ਸ਼ਰਮਾ ਨੇ ਦੱਸਿਆ ਏ ਕਿ ਭਾਜਪਾ ਨੇ ਬੀਤੇ ਦਿਨੀ ਪਠਾਨਕੋਟ ਵਿਚ ਮੈਂਬਰਸ਼ਿਪ ਮੁਹਿੰਮ ਚਲਾਈ ਸੀ, ਇਸ ਦੌਰਾਨ ਸੈਂਕੜੇ ਨੌਜਵਾਨ ਪਾਰਟੀ ਦੇ ਮੈਂਬਰ ਬਣੇ ਨੇ। ਉਨ੍ਹਾਂ ਕਿਹਾ ਕਿ ਮੈਂਬਰਸ਼ਿਪ ਮੁਹਿੰਮ-2024 ਪ੍ਰਧਾਨ ਮੰਤਰੀ ਮੋਦੀ ਵੱਲਂ। ਸ਼ੁਰੂ ਕੀਤੀ ਗਈ ਏ ਜਿਸ ਤਹਿਤ ਸਾਰੇ ਲੋਕ ਇਸ ਮੁਹਿੰਮ ਨਾਲ ਜੁੜ ਸਕਦੇ ਨੇ। ਲੋਕਾਂ ਨੂੰ ਪ੍ਰੇਰਿਤ ਕਰਦੇ ਹੋਏ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਭਾਜਪਾ ਆਮ ਲੋਕਾਂ ਸਮੇਤ ਨੌਜਵਾਨਾਂ ਨੂੰ ਵੀ ਬਿਹਤਰ ਮੌਕੇ ਦੇਣਾ ਚਾਹੁੰਦੀ ਏ ਤਾਂ ਕਿ ਉਹ ਦੇਸ਼ ਦੀ ਸੇਵਾ ਵਿਚ ਬਣਦਾ ਯੋਗਦਾਨ ਪਾ ਸਕਣ।

---

ਕਪੂਰਥਲਾ ਜ਼ਿਲੇ ਦੀ ਮਾਡਰਨ ਜੇਲ੍ਹ ‘ਚ ਦੋ ਗਰੁੱਪਾਂ ਵਿਚਾਲੇ ਲੜਾਈ ਹੋਣ ਦਾ ਮਾਮਲਾ ਸਾਹਮਣੇ ਆਇਆ ਏ। ਇਸ ਦੌਰਾਨ ਪੰਜ ਹਵਾਲਾਤੀ ਗੰਭੀਰ  ਜ਼ਖਮੀ ਹੋਏ ਨੇ, ਜਿਨ੍ਹਾਂ ਨੂੰ ਜੇਲ੍ਹ ਦੇ ਸੁਰੱਖਿਆ ਗਾਰਡਾਂ ਨੇ ਇਲਾਜ ਲਈ ਸਿਵਲ ਹਸਪਤਾਲ ਦਾਖ਼ਲ ਕਰਵਾ ਦਿਤਾ। ਇਲਾਜ ਤੋਂ ਬਾਅਦ 2 ਜ਼ਖਮੀ ਕੈਦੀਆਂ ਨੂੰ ਵਾਪਸ ਜੇਲ੍ਹ ਭੇਜ ਦਿੱਤਾ ਗਿਆ  ਜਦਕਿ ਇਕ ਜ਼ਖਮੀ ਕੈਦੀ ਨੂੰ ਅੰਮ੍ਰਿਤਸਰ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ ਏ। ਸਿਟੀ ਥਾਣਾ 2 ਅਤੇ ਪੀ. ਸੀ. ਆਰ. ਦੀ ਟੀਮ ਨੇ ਸਿਵਲ ਹਸਪਤਾਲ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।ਜਾਣਕਾਰੀ ਮੁਤਾਬਕ ਕਪੂਰਥਲਾ ਮਾਡਰਨ ਜੇਲ੍ਹ ਦੀ ਬੈਰਕ ਨੰਬਰ 3 ਵਿੱਚ ਬੰਦ ਹਵਾਲਾਤੀਆਂ ਦੇ ਦੋ ਗੁੱਟਾਂ ਵਿਚ ਬੀਤੀ ਰਾਤ ਖ਼ੂਨੀ ਝੜਪ ਹੋਈ ਸੀ ਤੇ ਇਸ ਦੌਰਾਨ ਇਨਾਂ ਨੇ ਇਕ ਦੂਜੇ ‘ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ।

---

ਪਿਛਲੇ ਤਿੰਨ ਦਿਨਾਂ ਦੌਰਾਨ ਪੰਜਾਬ-ਚੰਡੀਗੜ੍ਹ ਵਿੱਚ ਤਕਰੀਬਨ 5

ਡਿਗਰੀ ਤਾਪਮਾਨ ਦੀ ਗਿਰਾਵਟ ਦਰਜ ਕੀਤੀ ਗਈ ਏ। ਪਹਾੜੀ ਇਲਾਕਿਆਂ ਵਿੱਚ ਹੁਣੇ ਜਿਹੇ ਹੋਈ ਬਰਫਬਾਰੀ ਕਾਰਨ ਤਾਪਮਾਨ ਵਿਚ ਇਹ ਤਬਦੀਲੀ ਦੇਖੀ ਜਾ ਰਹੀ ਏ। ਇਸ ਦੌਰਾਨ, ਪੰਜਾਬ ਦਾ ਆਦਮਪੁਰ ਮੈਦਾਨੀ ਇਲਾਕਿਆਂ ਵਿੱਚੋਂ ਸਭ ਤੋਂ ਵਧ ਠੰਡਾ ਰਿਹਾ, ਜਿੱਥੇ ਘਟੋ ਘਟ ਤਾਪਮਾਨ 3.8 ਡਿਗਰੀ ਸੀ। ਆਉਣ ਵਾਲੇ ਦਿਨਾਂ ਵਿੱਚ ਪੰਜਾਬ ਤੇ ਚੰਡੀਗੜ੍ਹ ਵਿੱਚ ਮੀਂਹ ਪੈਣ ਦੇ ਆਸਾਰ ਨੇ ।